ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ
ਕਿਸਾਨ ਮੰਡੀਆਂ ਵਿੱਚ ਆਉਣ ਸਮੇਂ ਕੋਵਿਡ-19 ਤੋਂ ਬਚਾਅ ਸਬੰਧੀ ਲੋੜੀਂਦੀਆਂ ਸਾਵਧਾਨੀਆਂ ਅਪਨਾਉਣੀਆਂ ਯਕੀਨੀ ਬਣਾਉਣ : ਡਾ: ਸੰਜੀਵ ਕੁਮਾਰ
ਆੜ੍ਹਤੀ ਕਿਸਾਨਾਂ ਨੂੰ ਟੋਕਨ ਜਾਰੀ ਕਰਨ ਦੇ ਨਾਲ ਨਾਲ ਕਰੋਨਾ ਵਾਇਰਸ ਤੋਂ ਬਚਾਅ ਸਬੰਧੀ ਜਾਗਰੂਕ ਵੀ ਕਰਨ
ਫਤਹਿਗੜ੍ਹ ਸਾਹਿਬ, 11 ਅਪ੍ਰੈਲ :
ਕਣਕ ਦੀ ਸ਼ੁਰੂ ਹੋ ਰਹੀ ਖਰੀਦ ਸਬੰਧੀ ਆੜ੍ਹਤੀਆਂ ਵੱਲੋਂ ਕਿਸਾਨਾਂ ਨੂੰ ਟੋਕਨ ਜਾਰੀ ਕੀਤੇ ਜਾਣਗੇ ਅਤੇ ਇਹ ਟੋਕਨ ਧਾਰਕ ਕਿਸਾਨ ਹੀ ਮੰਡੀਆਂ ਵਿੱਚ ਆਪਣੀ ਫਸਲ ਲਿਆ ਸਕਣਗੇ, ਕਿਉਂਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਮਾਜਿਕ ਦੂਰੀ ਅਪਣਾਉਣੀ ਬਹੁਤ ਜ਼ਰੂਰੀ ਹੈ ਤਾਂ ਜੋ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਰਹਿੰਦ ਮੰਡੀ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਅਤੇ ਇਸ ਵਿੱਚ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆੜ੍ਹਤੀ ਕਿਸਾਨਾਂ ਨੂੰ ਟੋਕਨ ਜਾਰੀ ਕਰਨ ਦੇ ਨਾਲ ਨਾਲ ਕਰੋਨਾ ਵਾਇਰਸ ਤੋਂ ਬਚਾਅ ਸਬੰਧੀ ਜਾਗਰੂਕ ਵੀ ਕਰਨ।
ਡਾ. ਸੰਜੀਵ ਨੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਨੂੰ ਰੋਗਾਣੂ ਮੁਕਤ ਕਰਨ ਲਈ ਲੋੜੀਂਦਾ ਸਪਰੇਅ ਕੀਤਾ ਜਾਵੇ ਤੇ ਮੰਡੀਆਂ ਵਿੱਚ  ਭੀੜ ਨਾ ਹੋਣ ਦਿੱਤੀ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਮੰਡੀਆਂ ਵਿੱਚ ਆਉਣ ਵਾਲੀ ਕਣਕ ਦਾ 20 ਫੀਸਦੀ ਹਿੱਸਾ ਸ਼ੈਲਰਾਂ ਵਿੱਚ ਰੱਖਿਆ ਜਾਵੇਗਾ ਤਾਂ ਜੋ ਮੰਡੀਆਂ ਵਿੱਚ ਕਣਕ ਦੇ ਢੇਰ ਨਾ ਲੱਗ ਸਕਣ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਜਾਰੀ ਕੀਤੇ ਟੋਕਨਾਂ ਅਨੁਸਾਰ ਹੀ ਆਪਣੀ ਫਸਲ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।
ਡਾ. ਸੰਜੀਵ ਕੁਮਾਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਆਉਣ ਸਮੇਂ ਮੂੰਹ 'ਤੇ ਰੁਮਾਲ ਜਾਂ ਮਾਸਕ ਲਗਾਉਣ ਅਤੇ ਇੱਕ ਦੂਜੇ ਤੋਂ ਘੱਟ ਤੋਂ ਘੱਟ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖਣ। ਇਸ ਮੌਕੇ ਉਨ੍ਹਾਂ  ਨਾਲ ਜ਼ਿਲ੍ਹਾ ਮੰਡੀ ਅਫਸਰ ਸ੍ਰੀ ਰਜਿੰਦਰ ਕੁਮਾਰ, ਸਕੱਤਰ ਮਾਰਕੀਟ ਕਮੇਟੀ ਗਗਨਦੀਪ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ
ਖਾਲਸਾ ਏਡ ਵੱਲੋਂ ਪਿੰਡ ਚਨਾਰਥਲ ਕਲਾਂ ਦੇ ਕਮਿਉਨਿਟੀ ਹੈਲਥ ਸੈਂਟਰ ਲਈ 10 ਪੀ.ਪੀ.ਈ. ਕਿੱਟਾਂ, 72 ਸੈਨੀਟਾਈਜ਼ਰ ਤੇ 200 ਮਾਸਕ ਦਿੱਤੇ ਗਏ
ਐਸ.ਐਮ.ਓ. ਡਾ. ਰਮਿੰਦਰ ਕੌਰ ਤੇ ਸਰਪੰਚ ਜਗਦੀਪ ਸਿੰਘ ਨੇ ਕੀਤਾ ਧੰਨਵਾਦ
ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਪਿੰਡਾਂ ਦੇ ਲੋਕਾਂ ਨੂੰ ਕੀਤਾ ਜਾਗਰੂਕ
ਕੋਵਿਡ-19 ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਹਰੇਕ ਵਰਗ ਦੇ ਲੋਕਾਂ ਦਾ ਸਹਿਯੋਗ ਜਰੂਰੀ
ਫ਼ਤਹਿਗੜ੍ਹ ਸਾਹਿਬ, 11 ਅਪ੍ਰੈਲ
ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਪ੍ਰਸਿੱਧ ਸੰਸਥਾ ਖਾਲਸਾ ਏਡ ਵੱਲੋਂ ਸ. ਬਲਦੀਪ ਸਿੰਘ ਨੇ ਪਿੰਡ ਚਨਾਰਥਲ ਕਲਾਂ ਦੇ ਕਮਿਊਨਿਟੀ ਹੈਲਥ ਸੈਂਟਰ ਲਈ 10 ਪੀ.ਪੀ.ਈ. ਕਿੱਟਾਂ, 72 ਸੈਨੀਟਾਈਜ਼ਰ ਤੇ 200 ਮਾਸਕ ਦਿੱਤੇ ਗਏ। ਖਾਲਸਾ ਏਡ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਹਰੇਕ ਵਿਅਕਤੀ ਸ਼ਲਾਘਾ ਕਰ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਪਿੰਡਾਂ ਦੇ ਲੋਕਾਂ ਨੂੰ ਇਸ ਭਿਆਨਕ ਮਹਾਂਮਾਰੀ ਤੋਂ ਬਚਾਉਣ ਲਈ ਇਹ ਸਮਾਨ ਕਾਫੀ ਸਹਾਈ ਸਿੱਧ ਹੋਣਗੇ।
ਇਸ ਮੌਕੇ ਖਾਲਸਾ ਏਡ ਦੇ ਸ੍ਰੀ ਬਲਦੀਪ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਅੱਜ ਜਿਸ ਔਖੀ ਘੜੀ ਵਿੱਚੋਂ ਗੁਜ਼ਰ ਰਹੇ ਹਨ ਉਸ ਲਈ ਹਰੇਕ ਨਾਗਰਿਕ ਨੂੰ ਚਾਹੀਦਾ ਹੈ ਕਿ ਉਹ ਇਨ੍ਹਾਂ ਲੋਕਾਂ ਦੀ ਵੱਧ ਚੜ੍ਹ ਕੇ ਮਦਦ ਕੀਤੀ ਜਾਵੇ ਤਾਂ ਜੋ ਪਿੰਡਾਂ ਦੇ ਲੋਕ ਕੋਰੋਨਾ ਵਾਇਰਸ ਵਰਗੀ ਮਹਾਂਮਾਰੀ ਤੋਂ ਬਚੇ ਰਹਿ ਸਕਣ। ਉਨ੍ਹਾਂ ਕਿਹਾ ਕਿ ਖਾਲਸਾ ਏਡ ਵੱਲੋਂ ਹਮੇਸ਼ਾਂ ਮਾਨਵਤਾ ਦੀ ਭਲਾਈ ਲਈ ਕਾਰਜ ਕੀਤੇ ਜਾ ਰਹੇ ਹਨ ਜਿਸ ਦੀ ਕੜੀ ਤਹਿਤ ਪਿੰਡ ਚਨਾਰਥਲ ਕਲਾਂ ਵਿਖੇ ਇਹ ਸਮਾਨ ਦਿੱਤਾ ਗਿਆ ਹੈ।
ਇਸ ਮੌਕੇ ਚਨਾਰਥਲ ਕਲਾਂ ਦੇ ਐਸ.ਐਮ.ਓ. ਡਾ: ਰਮਿੰਦਰ ਕੌਰ ਤੇ ਪਿੰਡ ਦੇ ਸਰਪੰਚ ਨੰਬਰਦਾਰ ਜਗਦੀਪ ਸਿੰਘ ਨੇ ਖਾਲਸਾ ਏਡ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਪੀ.ਪੀ.ਈ. ਕਿੱਟਾਂ, ਸੈਨੀਟਾਈਜ਼ਰ ਤੇ ਮਾਸਕ ਨਾਲ ਕੋਰੋਨਾ ਵਾਇਰਸ ਵਿਰੁੱਧ ਲੜੀ ਜਾ ਰਹੀ ਲੜਾਈ ਵਿੱਚ ਸਹਾਈ ਸਿੱਧ ਹੋਣਗੇ। ਉਨ੍ਹਾਂ ਕਿਹਾ ਕਿ ਖਾਲਸਾ ਏਡ ਵੱਲੋਂ ਕੀਤੇ ਜਾ ਰਹੇ ਕੰਮਾਂ ਵਿੱਚ ਹੋਰਨਾ ਸੰਸਥਾਵਾਂ ਨੂੰ ਵੀ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਕਿਉਂਕਿ ਪਿੰਡਾਂ ਦੇ ਲੋਕਾਂ ਨੂੰ ਇਸ ਬਿਮਾਰੀ ਪ੍ਰਤੀ ਜਾਗਰੂਕ ਕਰਨ ਦੀ ਜਰੂਰਤ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਬਾਹਰੋਂ ਆ ਕੇ ਘਰ ਵਿੱਚ ਦਾਖ਼ਲੇ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਅਤਿ ਜ਼ਰੂਰੀ : ਸਿਵਲ ਸਰਜਨ

ਸਾਵਧਾਨੀਆਂ ਵਰਤ ਕੇ ਹੀ ਪਰਿਵਾਰਕ ਮੈਂਬਰਾਂ ਨੂੰ ਖਤਰੇ ਤੋਂ ਬਚਾਇਆ ਜਾ ਸਕਦਾ ਹੈ

ਸਿਵਲ ਸਰਜਨ ਨੇ ਪਿੰਡਾਂ ਵਿੱਚ ਗੈਰਜ਼ਰੂਰੀ ਆਵਾਜਾਈ ਨੂੰ ਸਖਤੀ ਨਾਲ ਰੋਕਣ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਪੰਚਾਇਤਾਂ ਦਾ ਕੀਤਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 11 ਅਪ੍ਰੈਲ :

ਕੋਵਿਡ-19 ਤੋਂ ਬਚਣ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ ਤਾਂ ਜੋ ਅਸੀਂ ਆਪਣੇ ਪਰਿਵਾਰਕ ਮੈਂਬਰਾਂ ਨੂੰ ਸੁਰੱਖਿਅਤ ਰੱਖ ਸਕੀਏ। ਇਸ ਗੱਲ ਦੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਇੱਕ ਅਜਿਹੀ ਭਿਆਨਕ ਮਹਾਂਮਾਰੀ ਹੈ, ਜਿਸ ਤੋਂ ਸਾਵਧਾਨੀਆਂ ਵਰਤ ਕੇ ਬਚਿਆ ਜਾ ਸਕਦਾ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਜਦੋਂ ਵੀ ਕੋਈ ਵਿਅਕਤੀ ਬਾਹਰੋਂ ਆਪਣੇ ਘਰ ਵਾਪਸ ਆਉਂਦਾ ਹੈ ਤਾਂ ਉਸ ਵੱਲੋਂ ਘਰ ਵਿੱਚ ਜਾ ਕੇ ਕਿਸੇ ਵੀ ਚੀਜ਼ ਨੂੰ ਹੱਥ ਨਾ ਲਗਾਇਆ ਜਾਵੇ ਅਤੇ ਸਭ ਤੋਂ ਪਹਿਲਾਂ ਆਪਣੇ ਜੁੱਤੇ ਉਤਾਰੇ ਜਾਣ, ਜੇਕਰ ਪਾਲਤੂ ਜਾਨਵਰ ਵੀ ਬਾਹਰੋਂ ਆਇਆ ਹੋਵੇ ਤਾਂ ਉਸ ਦੇ ਪੰਜਿਆਂ ਨੂੰ ਵੀ ਚੰਗੀ ਤਰ੍ਹਾਂ ਰੋਗਾਣੂ ਮੁਕਤ ਕੀਤਾ ਜਾਵੇ।

ਡਾ. ਅਗਰਵਾਲ ਨੇ ਦੱਸਿਆ ਕਿ ਆਪਣੇ ਕਪੜਿਆਂ ਨੂੰ ਬਦਲ ਕੇ ਧੋਣ ਲਈ ਵੱਖਰੇ ਤੌਰ 'ਤੇ ਰੱਖ ਦਿੱਤਾ ਜਾਵੇ ਜਿਸ ਉਪਰੰਤ ਬੈਗ, ਪਰਸ, ਚਾਬੀਆਂ ਆਦਿ ਨੂੰ ਘਰ ਦੀ ਐਂਟਰੀ 'ਤੇ ਹੀ ਕਿਸੇ ਬਕਸੇ ਵਿੱਚ ਪਾ ਦਿੱਤਾ ਜਾਵੇ ਤਾਂ ਜੋ ਘਰ ਦੀ ਕਿਸੀ ਅੰਦਰਲੀ ਚੀਜ਼ ਨਾਲ ਇਨ੍ਹਾਂ ਦਾ ਸੰਪਰਕ ਨਾ ਹੋਵੇ। ਉਨ੍ਹਾਂ ਦੱਸਿਆ ਕਿ ਤੁਸੀਂ ਨਹਾਉਣ ਨਾਲ ਰੋਗਾਣੂ ਮੁਕਤ ਹੋ ਜਾਂਦੇ ਹੋ, ਇਸ ਲਈ ਨਹਾਉਣਾ ਬਹੁਤ ਜ਼ਰੂਰੀ ਹੈ। ਜੇਕਰ ਅਸੀਂ ਕਿਸੇ ਕਾਰਨ ਨਹਾਉਣਾ ਨਹੀਂ ਚਾਹੁੰਦੇ ਤਾਂ ਘੱਟੋ-ਘੱਟ ਹੱਥ, ਬਾਹਾਂ, ਗਰਦਨ ਤੇ ਨਹੂੰਆਂ ਨੂੰ ਚੰਗੀ ਤਰ੍ਹਾਂ ਸਾਬਣ ਨਾਲ ਸਾਫ ਕਰਨਾ ਚਾਹੀਦਾ ਹੈ।

ਸਿਵਲ ਸਰਜਨ ਨੇ ਕਿਹਾ ਕਿ ਮੋਬਾਇਲ ਫੋਨ ਅਤੇ ਐਨਕਾਂ ਨੂੰ ਗਰਮ ਸਬਣ ਵਾਲੇ ਪਾਣੀ ਦੀ ਸਪਰੇਅ  ਨਾਲ ਰੋਗਾਣੂ ਮੁਕਤ ਕੀਤਾ ਜਾ ਸਕਦਾ ਹੈ ਅਤੇ ਇਸ ਤੋਂ ਇਲਾਵਾ ਬਾਹਰੋਂ ਲਿਆਂਦੀ ਕਿਸੇ ਵੀ ਵਸਤੂ ਨੂੰ ਚੰਗੀ ਤਰ੍ਹਾਂ ਰੋਗਾਣੂ ਮੁਕਤ ਕਰਨ ਤੋਂ ਬਾਅਦ ਹੀ ਘਰ ਅੰਦਰ ਲਿਆਂਦਾ ਜਾਵੇ ਅਤੇ ਇਸ ਉਪਰੰਤ ਇੱਕ ਵਾਰ ਮੁੜ ਹੱਥਾਂ ਨੂੰ ਸਹੀ ਤਰੀਕੇ ਨਾਲ ਸਾਫ ਕੀਤਾ ਜਾਵੇ।

ਡਾ. ਅਗਰਵਾਲ ਨੇ ਸਪਸ਼ਟ ਕੀਤਾ ਕਿ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਕੇ ਕੋਰੋਨਾ ਦੇ ਖਤਰੇ ਨੂੰ ਘਟਾਇਆ ਜਾ ਸਕਦਾ ਹੈ ਅਤੇ ਆਪਣੇ ਪਰਿਵਾਰ ਨੂੰ ਵੀ ਸੁਰੱਖਿਅਤ ਰਖਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਕੋਰੋਨਾ ਵਾਇਰਸ ਦੀ ਰੋਕਥਾਮ ਲਈ ਵਿਆਪਕ ਪੱਧਰ 'ਤੇ ਉਪਰਾਲੇ ਕਰ ਰਿਹਾ ਹੈ। ਲੋਕ ਘਰ ਵਿੱਚ ਰਹਿ ਕੇ ਵਾਇਰਸ ਦੇ ਖਾਤਮੇ ਵਿੱਚ ਆਪਣਾ ਵੱਡਮੁੱਲਾ ਸਹਿਯੋਗ ਦੇ ਸਕਦੇ ਹਨ।

ਡਾ. ਅਗਰਵਾਲ ਨੇ ਪੰਚਾਇਤਾਂ ਦਾ ਵੀ ਧੰਨਵਾਦ ਕੀਤਾ ਜੋ ਆਪਣੇ ਪੱਧਰ 'ਤੇ ਪਿੰਡਾਂ ਦੇ ਬਾਹਰ ਹੀ ਗੈਰਜ਼ਰੂਰੀ ਆਵਾਜਾਈ ਨੂੰ ਰੋਕਣ ਤੇ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੱਸਿਆ ਕਿ ਕੋਰੋਨਾ ਵਾਇਰਸ ਦੀ ਰੋਕਥਾਮ ਅਤੇ ਵਿਭਿੰਨ ਸੇਵਾਵਾਂ ਸਬੰਧੀ ਹੋਰ ਜਾਣਕਾਰੀ ਲੈਣ ਲਈ ਹੈਲਪ ਲਾਈਨ ਨੰਬਰ 104 ਅਤੇ 112 ਦੀ ਸਹਾਇਤਾ ਲਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨਾਗਰਿਕ ਨੂੰ ਸੁੱਕੀ ਖੰਘ, ਬੁਖਾਰ ਅਤੇ ਸਾਹ ਲੈਣ ਵਿਚ ਤਕਲੀਫ ਹੋਵੇ ਤਾਂ ਤੁਰੰਤ ਸਰਕਾਰੀ ਸਿਹਤ ਕੇਂਦਰ ਵਿੱਚ ਸੰਪਰਕ ਕੀਤਾ ਜਾਵੇ ਤਾਂ ਜੋ ਸਮੇਂ 'ਤੇ ਹੀ ਮਰੀਜ਼ਾਂ ਦਾ ਇਲਾਜ ਸ਼ੁਰੂ ਕੀਤਾ ਜਾ ਸਕੇ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ
ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨਿਰਭਓ ਸਿੰਘ ਗਿੱਲ ਤੇ 06 ਹੋਰ ਜੱਜਾਂ ਨੇ ਆਪਣਾ ਸੁਰੱਖਿਆ ਅਮਲਾ ਕੋਰੋਨਾ ਵਿਰੁੱਧ ਡਿਊਟੀ ਲਈ ਜ਼ਿਲ੍ਹਾ ਪੁਲੀਸ ਨੂੰ ਦਿੱਤਾ
ਜ਼ਿਲ੍ਹਾ ਕੋਰਟ ਕੰਪਲੈਕਸ ਸਮੇਤ ਜ਼ਿਲ੍ਹੇ ਵਿਚਲੀਆਂ ਸਾਰੀਆਂ ਅਦਾਲਤਾਂ ਵਿੱਚ ਤਾਇਨਾਤ ਸੁਰੱਖਿਆ ਅਮਲੇ ਵਿੱਚੋਂ ਵੀ ਵੱਧ ਤੋਂ ਵੱਧ ਮੈਂਬਰ ਜ਼ਿਲ੍ਹਾ ਪੁਲੀਸ ਨਾਲ ਕਰਨਗੇ ਕੰਮ
ਫ਼ਤਹਿਗੜ੍ਹ ਸਾਹਿਬ, 11 ਅਪ੍ਰੈਲ

ਕੋਰੋਨਾ ਵਿਰੁੱਧ ਚੱਲ ਰਹੀ ਜੰਗ ਵਿੱਚ ਯੋਗਦਾਨ ਪਾਉਂਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ ਨਿਰਭਓ ਸਿੰਘ ਗਿੱਲ ਨੇ ਆਪਣੇ ਸੁਰੱਖਿਆ ਦਸਤੇ ਵਿੱਚ ਤਾਇਨਾਤ ਸਾਰੇ ਮੁਲਾਜ਼ਮ ਕੋਰੋਨਾ ਕਾਰਨ ਪੈਦਾ ਹੋਏ ਹਾਲਾਤ ਦੇ ਟਾਕਰੇ ਲਈ ਜ਼ਿਲ੍ਹਾ ਪੁਲੀਸ ਨੂੰ ਦਿੱਤੇ ਹਨ। ਇਸ ਦੇ ਨਾਲ ਹੀ 06 ਹੋਰ ਜੱਜਾਂ, ਜਿਨ੍ਹਾਂ ਵਿੱਚ ਨਵਜੋਤ ਕੌਰ ਵਧੀਕ ਜ਼ਿਲ੍ਹਾ ਤੇ ਸੈਸ਼ਨਜ਼ ਜੱਜ, ਅਸ਼ੀਸ਼ ਬਾਂਸਲ ਸਿਵਲ ਜੱਜ ਸੀਨੀਅਰ ਡਿਵੀਜ਼ਨ, ਅਸ਼ੀਸ਼ ਥਥਈ ਵਧੀਕ ਸਿਵਲ ਜੱਜ ਸੀਨੀਅਰ ਡਿਵੀਜ਼ਨ, ਵਰੁਣ ਚੋਪੜਾ ਸਿਵਲ ਜੱਜ ਜੂਨੀਅਰ ਡਿਵੀਜ਼ਨ, ਕਰਨਵੀਰ ਸਿਵਲ ਜੱਜ ਜੂਨੀਅਰ ਡਿਵੀਜ਼ਨ ਅਤੇ ਏਕਤਾ ਖੋਸਲਾ ਸਿਵਲ ਜੱਜ ਜੂਨੀਅਰ ਡਿਵੀਜ਼ਨ ਸ਼ਾਮਲ ਹਨ, ਨੇ ਵੀ ਆਪਣਾ ਸੁਰੱਖਿਆ ਅਮਲਾ ਜ਼ਿਲ੍ਹਾ ਪੁਲੀਸ ਨੂੰ ਦੇਣ ਦਾ ਐਲਾਨ ਕੀਤਾ ਹੈ ਤਾਂ ਜੋ ਕੋਰੋਨਾ ਦੇ ਖਾਤਮੇ ਲਈ ਦਿਨ ਰਾਤ ਇਕ ਕਰ ਕੇ ਡਿਊਟੀ ਕਰ ਰਹੀ ਜ਼ਿਲ੍ਹਾ ਪੁਲੀਸ ਨੂੰ ਸਹਾਇਤਾ ਮਿਲੇ ਤੇ ਉਹ ਪਹਿਲਾਂ ਨਾਲੋਂ ਵੀ ਵੱਧ ਚੰਗੀ ਤਰ੍ਹਾਂ ਡਿਊਟੀ ਨਿਭਾਅ ਸਕੇ।

ਚੀਫ ਜੁਡੀਸ਼ੀਅਲ ਮੈਜਿਸਟਰੇਟ ਸ੍ਰੀ ਮਹੇਸ਼ ਗਰੋਵਰ ਨੇ ਦੱਸਿਆ ਕਿ ਜ਼ਿਲ੍ਹਾ ਅਦਾਲਤੀ ਕੰਪਲੈਕਸ ਸਮੇਤ ਜ਼ਿਲ੍ਹੇ ਵਿਚਲੀਆਂ ਸਾਰੀਆਂ ਅਦਾਲਤਾਂ ਵਿੱਚੋਂ ਅਤਿ ਜ਼ਰੂਰੀ ਸੁਰੱਖਿਆ ਅਮਲੇ ਨੂੰ ਛੱਡ ਕੇ ਬਾਕੀ ਸਾਰੇ ਸੁਰੱਖਿਆ ਮੁਲਾਜ਼ਮਾਂ ਨੂੰ ਜ਼ਿਲ੍ਹਾ ਪੁਲੀਸ ਨਾਲ ਡਿਊਟੀ ਲਈ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਵਿੱਚ ਜਿਸ ਵੀ ਇਨਸਾਨ ਕੋਲੋਂ ਇਸ ਬਿਮਾਰੀ ਦੇ ਖਾਤਮੇ ਲਈ ਜੋ ਵੀ ਕੀਤਾ ਜਾ ਸਕਦਾ ਹੈ, ਉਸ ਨੂੰ ਉਹ ਕਰਨਾ ਚਾਹੀਦਾ ਹੈ।

ਸ. ਨਿਰਭਓ ਸਿੰਘ ਗਿੱਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਕਰ ਕੇ ਇਸ ਬਿਮਾਰੀ ਤੋਂ ਬਚਾਇਆ ਜਾ ਸਕਦਾ ਹੈ। ਇਸ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ।